# ਪੰਜਾਬ ਐਜੂਸੈਟ ਸੁਸਾਇਟੀ

ਐਸ.ਸੀ.ਓ.104-106,ਦੂਜੀ ਮੰਜ਼ਿਲ, ਸੈਕਟਰ-34ਏ, ਚੰਡੀਗੜ੍ਹ,

ਫੋਨ ਨੰ: 0172-2623207, 2621104, 2621106, ਫੈਕਸ: 2624687 ਈ-ਮੇਲ eudsat.punjab@gmail.com


ਸੇਵਾ ਵਿਖੇ

1.0 ਸਮੂਹ ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿ.), ਪੰਜਾਬ।

2.0 ਸਬੰਧਤ ਸਕੂਲ ਮੁੱਖੀ, ਵਿਸ਼ਾ ਅਧਿਆਪਕ ਅਤੇ ਵਿਦਿਆਰਥੀ (ਵੈਬਸਾਈਟ ਰਾਹੀਂ)

ਮੀਮੋ ਨੰ. 24/40/2008/ਪੀ.ਈ.ਐਸ/ਸੈਕਟੋਰਲ ਕਮੇਟੀ/੩੯੩੯

ਮਿਤੀ, ਚੰਡੀਗੜ੍ਹ: ੨੨.03.13

**ਵਿਸ਼ਾ: ਨਵੇਂ ਵਿੱਦਿਅਕ ਵਰ੍ਹੇ (2013-14) ਲਈ ਐਜੂਸੈਟ ਸ਼ਡਿਊਲ ਮਹੀਨਾ ਅਪ੍ਰੈਲ 2013.**

1.0 ਚਾਲੂ ਵਿੱਦਿਅਕ ਵਰ੍ਹੇ ਵਿੱਚ ਵਿੱਦਿਆਰਥੀਆਂ ਅਤੇ ਵਿਸ਼ਾ ਅਧਿਆਪਕਾਂ ਲਈ ਨਸ਼ਰ ਕੀਤੇ ਗਏ ਪ੍ਰੋਗਰਾਮਾਂ ਸਬੰਧੀ ਬਹੁਤ ਵਧੀਆ ਹੁੰਗਾਰਾ ਮਿਲਿਆ ਹੈ ਅਤੇ ਪ੍ਰੋਗਰਾਮਾਂ ਨੂੰ ਪਸੰਦ ਕੀਤਾ ਗਿਆ ਹੈ। ਨਵੇਂ ਵਿੱਦਿਅਕ ਵਰ੍ਹੇ ਦਾ ਐਜੂਸੈਟ ਟਾਈਮ ਟੇਬਲ ਪੱਤਰ ਨੰ. 24/40/2013/ਪੀ.ਈ.ਐਸ/ਟਾਈਮ-ਟੇਬਲ/3835-36, ਮਿਤੀ 12.03.2013 ਨੂੰ ਪਹਿਲਾਂ ਹੀ ਸਬੰਧਤ ਸਕੂਲ ਮੁੱਖੀਆਂ, ਅਧਿਆਪਕਾਂ ਅਤੇ ਵਿੱਦਿਆਰਥੀਆਂ ਲਈ ਵੈਬਸਾਈਟ ਰਾਹੀਂ ਉਪਲਬਧ ਕਰਵਾ ਦਿੱਤਾ ਗਿਆ ਹੈ। ਅਪ੍ਰੈਲ 2013 ਦੀ ਐਜੂਸੈਟ ਸ਼ਡਿਊਲ ਵੀ ਜਿਸ ਵਿੱਚ 8ਵੀਂ ਤੋਂ 12ਵੀਂ ਜਮਾਤ ਲਈ ਸਕੂਲ ਸਿੱਖਿਆ ਵਿਭਾਗ ਲਈ ਨਸ਼ਰ ਕੀਤੇ ਜਾਣ ਵਾਲੇ ਰੈਗੂਲਰ ਪ੍ਰੋਗਰਾਮਾਂ ਦਾ ਵੇਰਵਾ ਹੈ, ਭੇਜੀ ਜਾ ਰਹੀ ਹੈ। ਕ੍ਰਿਪਾ ਕਰਕੇ ਸਬੰਧਤ ਸਕੂਲ ਮੁੱਖੀ ਯਕੀਨੀ ਬਣਾਉਣ ਕਿ ਸ਼ਡਿਊਲ ਮੁਤਾਬਿਕ ਸਬੰਧਤ ਵਿਸ਼ਾ ਅਧਿਆਪਕ ਅਤੇ ਵਿਦਿਆਰਥੀ ਐਜੂਸੈਟ ਰੂਮ ਵਿੱਚ ਹਾਜ਼ਰ ਰਹਿ ਕਿ ਨਸ਼ਰ ਕੀਤੇ ਪ੍ਰੋਗਰਾਮਾ ਵਿੱਚ ਭਾਗ ਲੈਣ। ਟੈਲੀਕਾਸਟ ਸਮੇਂ ਕਿਸੇ ਤਕਨੀਕੀ ਖਰਾਬੀ ਕਾਰਣ ਨੈਟਵਰਕ ਫੇਲ ਹੋ ਜਾਣ ਦੀ ਸੂਰਤ ਵਿੱਚ ਸਬੰਧਤ ਵਿਸ਼ਾ ਅਧਿਆਪਕ ਉਸ ਟਾਪਿਕ ਨੂੰ ਪੂਰਾ ਕਰੇਗਾ। ਐਜੂਸੈਟ ਲਾਈਬਰੇਰੀ ਦੀ ਵਰਤੋਂ ਪੀਰੀਅਡ ਐਡਜਸਟਮੈਂਟ ਲਈ ਜਰੂਰ ਕੀਤੀ ਜਾਵੇ।

2.0 ਨਵੇਂ ਵਿੱਦਿਅਕ ਵਰ੍ਹੇ ਵਿੱਚ 11ਵੀਂ ਜਮਾਤ ਦੇ ਵਿੱਦਿਆਰਥੀਆਂ ਲਈ ਉਹਨਾਂ ਦੇ ਅੰਗਰੇਜੀ ਵਿਸ਼ੇ ਦੇ ਅਧਿਆਪਕਾਂ ਰਾਹੀਂ ਸਾਫਟ ਸਕਿਲਜ਼ ਡਿਵੈਲਪਮੈਂਟ ਪ੍ਰੋਗਰਾਮ ਵੀ ਲਾਗੂ ਕੀਤਾ ਜਾ ਰਿਹਾ ਹੈ ਜਿਸ ਅਨੁਸਾਰ ਐਜੂਸੈਟ ਟਾਈਮ ਟੇਬਲ ਵਿੱਚ ਹਫਤੇ ਵਿੱਚ 2 ਪੀਰੀਅਡ ਰੱਖੇ ਗਏ ਹਨ ਅਤੇ ਵੱਧ ਗਿਣਤੀ ਵਾਲੇ ਸਕੂਲਾਂ ਲਈ 2 ਹੋਰ ਪੀਰੀਅਡ ਰਿਪੀਟ ਟੈਲੀਕਾਸਟ ਲਈ ਵੀ ਰੱਖੇ ਹਨ। ਸਬੰਧਿਤ ਜਮਾਤ ਨੂੰ ਅੰਗਰੇਜੀ ਪੜ੍ਹਾ ਰਿਹਾ ਅਧਿਆਪਕ/ਲੈਕਚਰਾਰ ਇਸ ਪ੍ਰੋਗਰਾਮ ਨੂੰ ਆਪਣੇ ਵਿਸ਼ੇ ਦੇ ਕੰਮ ਦੇ ਨਾਲ-ਨਾਲ ਐਡੀਸ਼ਨਲ ਡਿਊਟੀ ਵੱਜੋਂ ਕਰਨਗੇ।

3.0 ਸਾਫਟ ਸਕਿਲ ਸਬੰਧੀ ਟ੍ਰੇਨਿੰਗ ਮਿਤੀ 20.02.2013 ਤੋਂ 23.02.2013 ਤੱਕ ਐਜੂਸੈਟ ਰਾਹੀਂ ਕਰਵਾਈ ਗਈ ਸੀ ਜਿਸ ਦੀ ਭਰਪੂਰ ਪ੍ਰਸ਼ੰਸ਼ਾ ਹੋਈ, ਜਦੋਂਕਿ 26.02.2013 ਤੋਂ 28.02.2013 ਤੱਕ ਦਾ ਪ੍ਰੋਗਰਾਮ ਤਕਨੀਕੀ ਕਾਰਣਾ ਕਾਰਣ ਟੈਲੀਕਾਸਟ ਨਹੀਂ ਕੀਤਾ ਜਾ ਸਕਿਆ। ਸਬੰਧਤ ਅਧਿਆਪਕਾਂ ਦੀ ਤਿਆਰੀ ਲਈ ਬਾਕੀ ਰਹਿੰਦਾ ਪ੍ਰੋਗਰਾਮ ਜਿਸ ਵਿੱਚ ਮਿਤੀ 08.04.2013 ਤੋਂ 10.04.2013 ਤੱਕ ਬਕਾਇਆ ਰਹਿੰਦਾ ਟ੍ਰੇਨਿੰਗ ਪ੍ਰੋਗਰਾਮ ਅਤੇ ਮਿਤੀ 11:04.2013 ਅਤੇ 12.04.2013 ਰੀਫ੍ਰੇਸ਼ਰ ਕੋਰਸ ਮੁਕੰਮਲ ਕੀਤਾ ਜਾਵੇਗਾ, ਜਿਸ ਦਾ ਸਮਾ ਸ਼ਡਿਊਲ ਵਿੱਚ ਦਿੱਤਾ ਹੈ।

4.0 ਐਜੂਸੈਟ ਰੂਮ ਅਤੇ ਐਜੂਸੈਟ ਲਾਈਬਰੇਰੀ ਵਿੱਚ ਹਰ ਸਬੰਧਤ ਪੀਰੀਅਡ ਵਿੱਚ ਵਿਦਿਆਰਥੀਆਂ ਦੀ ਹਾਜ਼ਰੀ ਐਜੂਸੈਟ ਰਜਿਸਟਰ ਵਿੱਚ ਲਗਾਈ ਜਾਵੇ ਅਤੇ ਸਟੇਟ ਦਫਤਰ ਵੱਲੋ ਟੈਲੀਫੂਨ ਰਾਹੀ ਸਕੂਲ ਮੁੱਖੀਆਂ, ਵਿਸ਼ਾ ਅਧਿਆਪਕਾਂ ਅਤੇ ਵਿਦਿਆਰਥੀਆਂ ਤੋਂ ਲਿਆ ਜਾਣ ਵਾਲਾ ਫੀਡਬੈਕ ਵੀ ਦਿੱਤਾ ਜਾਵੇ। ਸਕੂਲ ਮੁੱਖੀ ਐਜੂਸੈਟ ਰਜਿਸਟਰ ਵਿੱਚ, ਐਜੂਸੈਟ ਪ੍ਰੋਗਰਾਮਾ ਦਾ ਰਿਕਾਰਡ ਵੀ ਤਸਦੀਕ ਕਰੇਗਾ, ਜਿਸ ਵਿੱਚ ਵਿਦਿਆਰਥੀਆਂ ਦੀ ਗਿਣਤੀ ਅਤੇ ਸਬੰਧਤ ਅਧਿਆਪਕ ਦਾ ਨਾਮ ਵੀ ਦਰਜ ਹੋਵੇ।

**ਸਕੱਤਰ-ਕਮ-ਪ੍ਰੋਜੈਕਟ ਡਾਇਰੈਕਟਰ**
ਪੰਜਾਬ ਐਜੂਸੈਟ ਸੁਸਾਇਟੀ

ਪਿੱਠ ਅੰਕਣ ਨੰ. 24/40/2008/ਪੀ.ਈ.ਐਸ/ਸੈਕਟੋਰਲ ਕਮੇਟੀ/੩੯੪੦ ਮਿਤੀ,ਚੰਡੀਗੜ੍ਹ: ੨੨.03.੨੦13

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:-

1. ਡੀ.ਪੀ.ਆਈ. (ਸੈ.ਸਿ.) ਪੰਜਾਬ, ਚੰਡੀਗੜ੍ਹ
2. ਵਧੀਕ ਐਸ.ਪੀ.ਡੀ, ਐਸ.ਐਸ.ਏ, ਸੈਕਟਰ 34-ਏ, ਚੰਡੀਗੜ੍ਹ।
3. ਸਬੰਧਤ ਵਿਸ਼ਾ ਮਾਹਿਰ, ਐਜੂਸੈਟ ।
4. ਡੀ.ਐਮ.(ਐਮ.ਆਈ.ਐਸ) ਨੂੰ ਤੁਰੰਤ ਵੈਬਸਾਈਟ ਤੇ ਪਾਉਣ ਹਿੱਤ।

**ਸਕੱਤਰ-ਕਮ-ਪ੍ਰੋਜੈਕਟ ਡਾਇਰੈਕਟਰ**
ਪੰਜਾਬ ਐਜੂਸੈਟ ਸੁਸਾਇਟੀ